# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 29-01-2025**

ਭਾਰਤੀ ਪੁਲਾੜ ਖੋਜ ਸੰਗਠਨ- ਇਸਰੋ ਨੇ ਅੱਜ ਆਂਧਰਾ ਪ੍ਰਦੇਸ਼ ਦੇ ਸ਼੍ਰੀਹਰੀਕੋਟਾ ਤੋਂ ਦੂਜੀ ਪੀੜ੍ਹੀ ਦੇ ਨੇਵੀਗੇਸ਼ਨ ਸੈਟੇਲਾਈਟ NVS-02 ਦਾ ਸਫਲ ਪਰੀਖਣ ਕੀਤਾ । ਇਸ ਨੂੰ ਅਜੇ 6 ਵੱਜਕੇ 23 ਮਿੰਟ 'ਤੇ GSLV-F-15 ਪੁਲਾੜ ਵਾਹਨ ਤੋਂ ਦਾਗਿਆ ਗਿਆ । ਸਤੀਸ਼ ਧਵਨ ਪੁਲਾੜ ਕੇਂਦਰ ਤੋਂ ਇਹ ਇਸਰੋ ਦਾ 100ਵਾਂ ਇਤਿਹਾਸਕ ਪਰੀਖਣ ਏ । ਕੇਂਦਰੀ ਵਿਗਿਆਨ ਅਤੇ ਤਕਨਾਲੋਜੀ ਰਾਜ ਮੰਤਰੀ ਡਾ. ਜਤਿੰਦਰ ਸਿੰਘ ਨੇ ਇਸਰੋ ਨੂੰ ਇਤਿਹਾਸਕ ਪ੍ਰਾਪਤੀ ਲਈ ਵਧਾਈ ਦਿੱਤੀ ਏ । ਐਕਸ ਹੈਂਡਲ 'ਤੇ ਡਾ. ਜਤਿੰਦਰ ਸਿੰਘ ਨੇ ਇਸ ਇਤਿਹਾਸਕ ਉਪਲਬਧੀ ਲਈ ਇਸਰੋ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਸ ਰਿਕਾਰਡ ਪ੍ਰਾਪਤੀ ਦੇ ਇਤਿਹਾਸਕ ਪਲ 'ਤੇ ਪੁਲਾੜ ਵਿਭਾਗ ਨਾਲ ਜੁੜਨਾ ਸੁਭਾਗ ਦੀ ਗੱਲ ਏ। ਊਨਾ ਕਿਹਾ ਕਿ ਇਸਰੋ ਦੀ ਟੀਮ ਨੇ ਇੱਕ ਵਾਰ ਫਿਰ ਸਫਲ ਪ੍ਰੀਖਣ ਨਾਲ ਭਾਰਤ ਦਾ ਮਾਣ ਵਧਾਇਆ ਏ ।

-----------------------------------------------

ਗਣਤੰਤਰ ਦਿਵਸ ਸਮਾਗਮ ਦੇ ਹਿੱਸੇ ਵਜੋਂ, ਬੀਟਿੰਗ ਰੀਟਰੀਟ ਸਮਾਰੋਹ ਅੱਜ ਨਵੀਂ ਦਿੱਲੀ ਦੇ ਵਿਜੇ ਚੌਕ ਵਿਖੇ ਆਯੋਜਿਤ ਕੀਤਾ ਜਾਵੇਗਾ। ਇਸ ਮੌਕੇ 'ਤੇ ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ-ਰਾਸ਼ਟਰਪਤੀ ਜਗਦੀਪ ਧਨਖੜ, ਪ੍ਰਧਾਨ ਮੰਤਰੀ ਨਰੇਂਦਰ ਮੋਦੀ, ਰੱਖਿਆ ਮੰਤਰੀ ਰਾਜਨਾਥ ਸਿੰਘ ਅਤੇ ਹੋਰ ਕੇਂਦਰੀ ਮੰਤਰੀ ਮੌਜੂਦ ਰਹਿਣਗੇ।ਇਸ ਸਾਲ ਬੀਟਿੰਗ ਰੀਟ੍ਰੀਟ ਸਮਾਰੋਹ ਵਿੱਚ ਸੈਨਾ, ਸਮੁੰਦਰੀ ਫੋਜ ਅਤੇ ਹਵਾਈ ਫੋਜ ਅਤੇ ਕੇਂਦਰੀ ਹਥਿਆਰਬੰਦ ਪੁਲਿਸ ਬਲਾਂ ਦੇ ਬੈਂਡਾਂ ਦੀਆਂ ਕੁੱਲ 30 ਪੇਸ਼ਕਾਰੀਆਂ ਦਰਸ਼ਕਾਂ ਲਈ ਖਿੱਚ ਦਾ ਕੇਂਦਰ ਹੋਣਗੀਆਂ। ਦਿੱਲੀ ਪੁਲਿਸ ਨੇ ਬੀਟਿੰਗ ਰਿਟ੍ਰੀਟ ਸਮਾਗਮ ਦੇ ਮੱਦੇਨਜ਼ਰ ਆਵਾਜਾਈ ਦੇ ਪ੍ਰਬੰਧ ਕੀਤੇ ਨੇ।

-----------------------------------------------

ਪੰਜਾਬ ਪਾਰਦਰਸ਼ਤਾ ਅਤੇ ਜਵਾਬਦੇਹੀ ਕਮਿਸ਼ਨ ਦੇ ਮੁੱਖ ਕਮਿਸ਼ਨਰ ਵੀ.ਕੇ. ਜੰਜੂਆ ਨੇ ਕਿਹਾ ਕਿ ਜਨਤਕ ਸੇਵਾਵਾਂ ਵਿੱਚ ਦੇਰੀ ਕਰਨ ਵਾਲੇ ਸਰਕਾਰੀ ਅਧਿਕਾਰੀਆਂ ਨੂੰ 5000 ਰੁਪਏ ਤੱਕ ਦਾ ਜੁਰਮਾਨਾ ਲਗਾਇਆ ਜਾਵੇਗਾ। ਉਨ੍ਹਾਂ ਕੱਲ੍ਹ ਸੂਬੇ ਭਰ ਦੇ ਸਾਰੇ ਵਧੀਕ ਡਿਪਟੀ ਕਮਿਸ਼ਨਰਾਂ ਨਾਲ ਪੰਜਾਬ ਪਾਰਦਰਸ਼ਤਾ ਅਤੇ ਜਵਾਬਦੇਹੀ ਐਕਟ ਤਹਿਤ, ਸਮੇਂ ਸਿਰ ਸੇਵਾਵਾਂ ਦੇਣ ਦੇ ਮੁੱਦੇ 'ਤੇ ਵਿਚਾਰ-ਵਟਾਂਦਰਾ

ਕਰਦਿਆਂ, ਹਦਾਇਤ ਕੀਤੀ ਕਿ ਉਹ, ਆਪੋ-ਆਪਣੇ ਜ਼ਿਲ੍ਹਿਆਂ ਵਿੱਚ ਸਾਰੀਆਂ ਨੋਟੀਫਾਈਡ ਸੇਵਾਵਾਂ ਦੇ ਬਕਾਇਆ ਮਾਮਲਿਆਂ ਬਾਰੇ ਕਮਿਸ਼ਨ ਨੂੰ ਮਹੀਨਾਵਾਰ ਰਿਪੋਰਟਾਂ ਪ੍ਰਦਾਨ ਕਰਨ । ਇਸ ਤੋਂ ਇਲਾਵਾ ਵਧੀਕ ਡਿਪਟੀ ਕਮਿਸ਼ਨਰ ਨੂੰ ਉਨ੍ਹਾਂ ਦੇ ਦਫ਼ਤਰ ਵੱਲੋਂ ਸੇਵਾਵਾਂ ਮੁਹੱਈਆ ਕਰਵਾਉਣ ਸਬੰਧੀ ਸਮਾਂ-ਹੱਦ ਦੀ ਪਾਲਣਾ ਕਰਨ ਵਿੱਚ ਅਸਫ਼ਲ ਰਹਿਣ ਵਾਲੇ ਅਧਿਕਾਰੀਆਂ ਖਿਲਾਫ ਕੀਤੀ ਗਈ ਕਾਰਵਾਈ ਦਾ ਵੇਰਵਾ ਦੇਣ ਵਾਲੀਆਂ,ਮਹੀਨਾਵਾਰ ਰਿਪੋਰਟਾਂ ਦੇਣ ਲਈ ਵੀ ਕਿਹਾ ਗਿਆ। ਉਨ੍ਹਾਂ ਦੱਸਿਆ ਕਿ ਵਧੀਕ ਡਿਪਟੀ ਕਮਿਸ਼ਨਰ ਕੋਲ ਅਪੀਲ ਦਾਇਰ ਕਰਨ ਦਾ ਪੂਰਾ ਅਧਿਕਾਰ ਏ ਜੋ ਕਿਸੇ ਵੀ ਨਾਮਜ਼ਦ ਅਧਿਕਾਰੀ, ਜੋ ਸੇਵਾਵਾਂ ਵਿੱਚ ਦੇਰੀ ਕਰਦਾ ਜਾਂ ਇਨਕਾਰ ਕਰਨ ਵਾਲੇ ਅਧਿਕਾਰੀ ਖਿਲਾਫ ਖੁਦ ਨੋਟਿਸ ਵੀ ਲੈ ਸਕਦੇ ਨੇ।

--------------------------------------------------------------

ਪੰਜਾਬ ਵਿੱਚ, ਸੂਬੇ ਦੇ ਸਿਹਤ ਵਿਭਾਗ, ਪੰਜਾਬ ਪੁਲਿਸ ਅਤੇ ਇੱਕ NGO, ਅਲਾਇੰਸ ਇੰਡੀਆ, ਨੇ ਨਸ਼ਿਆਂ ਦੀ ਸਮੱਸਿਆ ਨਾਲ ਨਜਿੱਠਣ ਲਈ ਤਾਲਮੇਲ ਕੀਤਾ ਏ । ਕੱਲ੍ਹ ਇੱਕ ਵਰਕਸ਼ਾਪ ਦੀ ਪ੍ਰਧਾਨਗੀ ਕਰਦਿਆਂ, ਸੂਬੇ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ, ਡਾ: ਬਲਬੀਰ ਸਿੰਘ ਨੇ ਨਸ਼ਿਆਂ ਵਿਰੁੱਧ ਲੜਾਈ ਵਿੱਚ, ਔਰਤਾਂ ਦੀ ਸ਼ਮੂਲੀਅਤ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਉਨ੍ਹਾਂ ਨੌਜਵਾਨਾਂ ਨੂੰ, ਨਸ਼ਿਆਂ

ਦਾ ਸ਼ਿਕਾਰ ਹੋਣ ਤੋਂ ਰੋਕਣ ਲਈ, ਪੁਨਰਵਾਸ ਪ੍ਰੋਗਰਾਮਾਂ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਪੰਜਾਬ ਪੁਲਿਸ ਦੇ ਸਪੈਸ਼ਲ ਡਾਇਰੈਕਟਰ ਜਨਰਲ, ਕਮਿਊਨਿਟੀ ਅਫੇਅਰਜ਼ ਡਿਵੀਜ਼ਨ, ਗੁਰਪ੍ਰੀਤ ਕੌਰ ਦਿਓ ਨੇ ਐਲਾਨ ਕੀਤਾ ਕਿ ,ਪੁਲਿਸ ਔਰਤਾਂ ਨਾਲ ਜੁੜਨ ਅਤੇ ਉਨ੍ਹਾਂ ਨੂੰ ਨਸ਼ਿਆਂ ਵਿਰੁੱਧ ਲੜਾਈ ਵਿੱਚ ਸਮਰਥਨ ਕਰਨ ਲਈ, ਉਤਸ਼ਾਹਿਤ ਕਰਨ ਵਾਸਤੇ ਇੱਕ ਆਊਟਰੀਚ ਪ੍ਰੋਗਰਾਮ ਸ਼ੁਰੂ ਕਰੇਗੀ। ਉਨ੍ਹਾਂ ਕਿਹਾ ਕਿ ਔਰਤਾਂ ਇਸ ਖਤਰੇ ਦਾ ਮੁਕਾਬਲਾ ਕਰਨ ਲਈ, ਇੱਕ ਅਹਿਮ ਤਾਕਤ ਬਣ ਸਕਦੀਆਂ ਨੇ ਅਤੇ ਉਨ੍ਹਾਂ ਨੂੰ ਇਹ ਭੂਮਿਕਾ ਨੂੰ ਨਿਭਾਉਣ ਲਈ, ਅਧਿਕਾਰ ਦਿੱਤਾ ਜਾਵੇਗਾ।

------------------------------------------------------------

ਸਵੱਛ ਹਵਾ ਬਾਰੇ ਰਾਸ਼ਟਰੀ ਪ੍ਰੋਗਰਾਮ-NCAP ਤਹਿਤ ਹਵਾ ਗੁਣਵੱਤਾ ਪ੍ਰਬੰਧਨ 'ਤੇ ਸਮਰੱਥਾ ਨਿਰਮਾਣ ਵਰਕਸ਼ਾਪ ਕੱਲ ਜਲੰਧਰ ਵਿਖੇ ਕਰਵਾਈ ਗਈ । NCAP ਕੇਂਦਰੀ ਵਾਤਾਵਰਣ, ਜੰਗਲਾਤ ਅਤੇ ਜਲਵਾਯੂ ਪਰਿਵਰਤਨ ਮੰਤਰਾਲੇ ਵਲੋਂ ਇੱਕ ਰਾਸ਼ਟਰੀ ਪਹਿਲਕਦਮੀ ਏ , ਜਿਸਦਾ ਉਦੇਸ਼ ਦੇਸ਼ ਭਰ ਦੇ 131 ਸਭ ਤੋਂ ਵੱਧ ਪ੍ਰਦੂਸ਼ਿਤ ਸ਼ਹਿਰਾਂ ਵਿੱਚ ਹਵਾ ਪ੍ਰਦੂਸ਼ਣ ਨੂੰ ਘਟਾਉਣਾ ਏ। ਜਲੰਧਰ ਸ਼ਹਿਰ, ਲੁਧਿਆਣਾ, ਅੰਮ੍ਰਿਤਸਰ, ਖੰਨਾ, ਮੰਡੀ ਗੋਬਿੰਦਗੜ੍ਹ, ਡੇਰਾ ਬਾਬਾ ਨਾਨਕ, ਡੇਰਾਬੱਸੀ, ਨਯਾ ਨੰਗਲ ਅਤੇ ਪਟਿਆਲਾ ਦੇ ਨਾਲ-ਨਾਲ N.C.A.P. ਅਧੀਨ ਚੁਣੇ

ਗਏ ਪੰਜਾਬ ਦੇ 9 ਸ਼ਹਿਰਾਂ ਵਿੱਚੋਂ ਇੱਕ ਏ । ਹਵਾ ਪ੍ਰਦੂਸ਼ਣ ਨੂੰ ਘਟਾਉਣ ਅਤੇ ਹਵਾ ਦੀ ਗੁਣਵੱਤਾ ਵਿੱਚ ਸੁਧਾਰ ਲਈ ਇਸ ਪਹਿਲਕਦਮੀ ਤਹਿਤ ਭਾਰਤ ਸਰਕਾਰ ਵੱਲੋਂ ਜਲੰਧਰ ਸ਼ਹਿਰ ਨੂੰ 45 ਕਰੋੜ ਰੁਪਏ ਦੀ ਰਾਸ਼ੀ ਅਲਾਟ ਕੀਤੀ ਗਈ ਏ। ਸਮਾਗਮ ਦਾ ਆਯੋਜਨ ਸੰਸਥਾਨ ਸੈਂਟਰ ਫਾਰ ਸਟੱਡੀ ਆਫ਼ ਸਾਇੰਸ, ਤਕਨਾਲੋਜੀ ਅਤੇ ਪਾਲਿਸੀ ਦੇ ਸਹਿਯੋਗ ਨਾਲ ਕੀਤਾ ਗਿਆ । ਵਰਕਸ਼ਾਪ ਵਿੱਚ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ , ਨਗਰ ਨਿਗਮ ਜਲੰਧਰ, ਟਰੈਫਿਕ ਪੁਲੀਸ, ਜੰਗਲਾਤ ਵਿਭਾਗ, ਟਰਾਂਸਪੋਰਟ ਵਿਭਾਗ ਦੇ ਅਧਿਕਾਰੀਆਂ ਅਤੇ ਸ਼ਹਿਰ ਵਿੱਚ ਹਵਾ ਪ੍ਰਦੂਸ਼ਣ ਫੈਲਾਉਣ ਵਾਲੀਆਂ ਪ੍ਰਮੁੱਖ ਸਨਅਤਾਂ ਦੇ ਨੁਮਾਇੰਦਿਆਂ ਨੇ ਹਿੱਸਾ ਲਿਆ । ਵਰਕਸ਼ਾਪ ਦੌਰਾਨ ਸੜਕਾਂ ਤੋਂ ਧੂੜ ਦੇ ਨਿਕਾਸ, ਵਾਹਨਾਂ ਦੇ ਪ੍ਰਦੂਸ਼ਣ, ਉਦਯੋਗਿਕ ਸਰੋਤਾਂ ਅਤੇ ਠੋਸ ਰਹਿੰਦ-ਖੂੰਹਦ ਨੂੰ ਸਾੜਨ ਦੇ ਪ੍ਰਭਾਵ ਜਿਹੀਆਂ ਜਲੰਧਰ ਦੀਆਂ ਖਾਸ ਚੁਣੌਤੀਆਂ 'ਤੇ ਧਿਆਨ ਕੇਂਦਰਿਤ ਕੀਤਾ ਗਿਆ।

----------------------------------------------------------

ਮੌਸਮ ਵਿਭਾਗ ਨੇ ਕਿਹਾ ਕਿ ਪੰਜਾਬ ਅਤੇ ਚੰਡੀਗੜ੍ਹ ਦੇ ਲੋਕਾਂ ਨੂੰ ਅਗਲੇ 6 ਦਿਨਾਂ ਤੱਕ ਸੰਘਣੀ ਧੁੰਦ ਅਤੇ ਸੀਤ ਲਹਿਰ ਤੋਂ ਰਾਹਤ ਮਿਲੇਗੀ । ਵਿਭਾਗ ਮੁਤਾਬਕ ਪੱਛਮੀ ਗੜਬੜੀ ਸਰਗਰਮ ਹੋ ਰਹੀ ਏ । ਇਸ

ਕਾਰਨ 31 ਜਨਵਰੀ ਤੋਂ 3 ਫਰਵਰੀ ਤੱਕ ਪੰਜਾਬ ‘ਚ ਕੁਝ ਥਾਵਾਂ ‘ਤੇ ਮੀਂਹ ਪੈ ਸਕਦਾ ਏ। ਪਿਛਲੇ 24 ਘੰਟਿਆਂ ਵਿੱਚ ਵੱਧ ਤੋਂ ਵੱਧ ਤਾਪਮਾਨ ਵਿੱਚ ਇੱਕ ਡਿਗਰੀ ਦਾ ਵਾਧਾ ਹੋਇਆ ਏ ਜੋ ਕਿ ਆਮ ਤਾਪਮਾਨ ਨਾਲੋਂ 3.9 ਡਿਗਰੀ ਵੱਧ ਏ। ਫਰੀਦਕੋਟ ’ਚ ਸਭ ਤੋਂ ਵੱਧ ਤਾਪਮਾਨ 27.6 ਡਿਗਰੀ ਤਾਪਮਾਨ ਦਰਜ ਕੀਤਾ ਗਿਆ ਜਦਕਿ ਫਾਜ਼ਿਲਕਾ ਸਭ ਤੋਂ ਠੰਢਾ ਰਿਹਾ, ਇੱਥੇ ਘੱਟੋ-ਘੱਟ ਤਾਪਮਾਨ 2.4 ਡਿਗਰੀ ਦਰਜ ਕੀਤਾ ਗਿਆ।

---------------------------------------------------------------

ਅੰਤਰ-ਰਾਸ਼ਟਰੀ ਸਰਸਵਤੀ ਮਹੋਤਸਵ ਅੱਜ ਤੋਂ ਹਰਿਆਣਾ ਦੇ ਕੁਰੂਕਸ਼ੇਤਰ ਜ਼ਿਲ੍ਹੇ ਦੇ ਪਿਹੋਵਾ ਸਰਸਵਤੀ ਤੀਰਥ ਵਿਖੇ ਸ਼ੁਰੂ ਹੋਵੇਗਾ। ਮੁੱਖ ਮੰਤਰੀ ਨਾਇਬ ਸਿੰਘ ਸੈਨੀ ਇਸ ਮੇਲੇ ਦਾ ਉਦਘਾਟਨ ਕਰਨਗੇ। ਸੱਤ ਦਿਨਾਂ ਦੇ ਤਿਉਹਾਰ ਦੌਰਾਨ ਮੁੱਖ ਸੱਭਿਆਚਾਰਕ ਪ੍ਰੋਗਰਾਮ 2 ਫਰਵਰੀ ਤੱਕ ਜਾਰੀ ਰਹਿਣਗੇ। ਇਸ ਦੇ ਨਾਲ ਹੀ 4 ਫਰਵਰੀ ਤੱਕ ਸਰਸ ਮੇਲਾ ਵੀ ਲਗਾਇਆ ਗਿਆ ਏ। ਹਰਿਆਣਾ ਸਰਸਵਤੀ ਵਿਰਾਸਤੀ ਵਿਕਾਸ ਬੋਰਡ ਦੇ ਵਾਈਸ ਚੇਅਰਮੈਨ ਧੂਮਨ ਸਿੰਘ ਨੇ ਦੱਸਿਆ ਕਿ ਇਸ ਸਾਲ ਆਦਿ ਬਦਰੀ ਤੋਂ ਕੱਛ ਦੇ ਰਣ ਤੱਕ ਸਰਸਵਤੀ ਦਰਿਆ ਦੇ ਰਸਤੇ ਨਾਲ ਲੱਗਦੇ ਸਾਰੇ ਇਤਿਹਾਸਕ ਤੀਰਥ ਸਥਾਨਾਂ 'ਤੇ ਪ੍ਰੋਗਰਾਮ ਕਰਵਾਏ ਜਾਣਗੇ।